**ਚੰਦੁ ਸੂਰਜੁ ਦੁਇ ਜੋਤਿ ਸਰੂਪੁ ॥ ਜੋਤੀ ਅੰਤਰਿ ਬ੍ਰਹਮੁ ਅਨੂਪੁ ॥ ੧॥ ਕਰੁ ਰੇ ਗਿਆਨੀ ਬ੍ਰਹਮ ਬੀਚਾਰੁ ॥ ਜੋਤੀ ਅੰਤਰਿ ਧਰਿਆ ਪਸਾਰੁ ॥੧॥ ਰਹਾਉ ॥ ਹੀਰਾ ਦੇਖਿ ਹੀਰੇ ਕਰਉ ਆਦੇਸੁ ॥ ਕਹੈ ਕਬੀਰੁ ਨਿਰੰਜਨ ਅਲੇਖੁ ॥੨॥੨॥੧੧॥** {ਪੰਨਾ 972}

ਪਦਅਰਥ:- ਦੁਇ—ਦੋਵੇਂ। ਜੋਤਿ ਸਰੂਪੁ—(ਪ੍ਰਭੂ ਦੇ) ਨੂਰ ਦਾ ਸਰੂਪ। ਜੋਤੀ ਅੰਤਰਿ—ਹਰੇਕ ਚਾਨਣ ਦੇਣ ਵਾਲੀ ਸ਼ੈ ਦੇ ਅੰਦਰ। ਅਨੂਪੁ—{ਅਨ-ਊਪ} ਜਿਸ ਵਰਗਾ ਹੋਰ ਕੋਈ ਨਹੀਂ, ਬੇ-ਮਿਸਾਲ।1।

ਰੇ ਗਿਆਨੀ—ਹੇ ਗਿਆਨਵਾਨ ਮਨੁੱਖ! ਬ੍ਰਹਮ ਬੀਚਾਰੁ—ਪਰਮਾਤਮਾ (ਦੀ ਕੁਦਰਤ) ਦੀ ਵਿਚਾਰ। ਧਰਿਆ—ਬਣਾਇਆ। ਪਸਾਰੁ—ਜਗਤ-ਰਚਨਾ।1। ਰਹਾਉ।

ਦੇਖਿ—ਦੇਖ ਕੇ। ਹੀਰਾ—ਚਮਕਦਾ ਕੀਮਤੀ ਪੱਥਰ। ਕਰਉ—ਕਰਉਂ, ਮੈਂ ਕਰਦਾ ਹਾਂ। ਆਦੇਸੁ—ਨਮਸਕਾਰ। ਅਲੇਖੁ—ਜਿਸ ਦੇ ਗੁਣ ਬਿਆਨ ਨਾਹ ਕੀਤੇ ਜਾ ਸਕਣ।2।

ਅਰਥ:- ਹੇ ਵਿਚਾਰਵਾਨ ਮਨੁੱਖ! (ਤੂੰ ਤਾਂ ਚੰਦ ਸੂਰਜ ਆਦਿਕ ਨੂਰੀ ਚੀਜ਼ਾਂ ਵੇਖ ਕੇ ਨਿਰਾ ਇਹਨਾਂ ਨੂੰ ਹੀ ਸਲਾਹ ਰਿਹਾ ਹੈਂ, ਇਹਨਾਂ ਨੂੰ ਨੂਰ ਦੇਣ ਵਾਲੇ) ਪਰਮਾਤਮਾ (ਦੀ ਵਡਿਆਈ) ਦੀ ਵਿਚਾਰ ਕਰ, ਉਸ ਨੇ ਇਹ ਸਾਰਾ ਸੰਸਾਰ ਆਪਣੇ ਨੂਰ ਵਿਚੋਂ ਪੈਦਾ ਕੀਤਾ ਹੈ।1। ਰਹਾਉ।

ਇਹ ਚੰਦ ਤੇ ਸੂਰਜ ਦੋਵੇਂ ਉਸ ਪਰਮਾਤਮਾ ਦੀ ਜੋਤ ਦਾ (ਬਾਹਰਲਾ ਦਿੱਸਦਾ) ਸਰੂਪ ਹਨ, ਹਰੇਕ ਪ੍ਰਕਾਸ਼ ਵਿਚ ਸੁੰਦਰ ਪ੍ਰਭੂ ਆਪ ਵੱਸ ਰਿਹਾ ਹੈ।1।

ਕਬੀਰ ਆਖਦਾ ਹੈ—ਮੈਂ ਹੀਰੇ (ਆਦਿਕ ਸੁਹਣੇ ਕੀਮਤੀ ਚਮਕਦੇ ਪਦਾਰਥ) ਨੂੰ ਵੇਖ ਕੇ (ਉਸ) ਹੀਰੇ ਨੂੰ ਸਿਰ ਨਿਵਾਉਂਦਾ ਹਾਂ (ਜਿਸ ਨੇ ਇਹਨਾਂ ਨੂੰ ਇਹ ਗੁਣ ਬਖ਼ਸ਼ਿਆ ਹੈ, ਤੇ ਜੋ ਇਹਨਾਂ ਵਿਚ ਵੱਸਦਾ ਹੋਇਆ ਭੀ) ਮਾਇਆ ਦੇ ਪ੍ਰਭਾਵ ਤੋਂ ਰਹਿਤ ਹੈ, ਤੇ ਜਿਸ ਦੇ ਗੁਣ ਬਿਆਨ ਨਹੀਂ ਕੀਤੇ ਜਾ ਸਕਦੇ।2। 2।11।

ਨੋਟ:- ਚੰਦ ਸੂਰਜ ਨੂੰ ਮੱਥੇ ਟੇਕਣ ਦੀ ਨਿਖੇਧੀ।